੧ੴ ਵਾਹਿਗੁਰੂ ਜੀ ਕੀ ਫ਼ਤਹ ॥

# ਸ੍ਰੀ ਅਕਾਲ ਤਖ਼ਤ ਸਾਹਿਬ

ਸ੍ਰੀ ਅੰਮ੍ਰਿਤਸਰ ਸਾਹਿਬ

Sri Akal Takhat Sahib, Sri Amritsar Sahib

ਨੰਬਰ ਅ:੩/੧੪੪੩ ਮਿਤੀ ੦੩/੦੫/੨੦੨੨

## ਹੁਕਮਨਾਮਾ

**ਅੱਜ ਮਿਤੀ ੨੦ ਵੈਸਾਖ ਨਾਨਕਸ਼ਾਹੀ ਸੰਮਤ ੫੫੪ ਮੁਤਾਬਿਕ ੦੩ ਮਈ ੨੦੨੨** ਨੂੰ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਹੋਈ ਜਿਸ ਵਿਚ ਥਮਿੰਦਰ ਸਿੰਘ ਅਮਰੀਕਾ ਵਾਸੀ ਜਿਸ ਨੇ ਆਪਣੀ ਮਰਜੀ ਨਾਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿਚ ਤਬਦੀਲੀਆਂ ਕੀਤੀਆਂ। ਪੰਥਕ ਭਾਵਨਾਵਾਂ ਦੀ ਤਰਜਮਾਨੀ ਕਰਦਿਆਂ ਸਰਬ ਸੰਮਤੀ ਨਾਲ ਫੈਸਲਾ ਹੋਇਆ ਹੈ ਕਿ ਇਸ ਵੱਲੋਂ ਕੀਤੀ ਆਨ-ਲਾਇਨ/ਆਫ ਲਾਈਨ ਅਣਅਧਿਕਾਰਤ ਛਪਾਈ 'ਤੇ ਰੋਕ ਲਗਾਈ ਜਾਂਦੀ ਹੈ। ਇਸ ਨੂੰ ਹੁਕਮ ਦਿੱਤਾ ਜਾਂਦਾ ਹੈ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਨਿੱਜੀ ਤੌਰ 'ਤੇ ਅੱਜ ਤੋਂ ਇਕ ਮਹੀਨੇ ਦੇ ਅੰਦਰ-ਅੰਦਰ ਪੇਸ਼ ਹੋ ਕੇ ਇਸ ਕਾਰਜ ਸਬੰਧੀ ਸਾਰਾ ਰਿਕਾਰਡ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਹਾਜਰ ਕਰੇ। ਇਸ ਦੇ ਪਿਛੇ ਆਪਣੀ ਮਨਸ਼ਾ ਵਿਅਕਤ ਕਰੇ ਅਤੇ ਇਸ ਮਾਮਲੇ ਪਿਛੇ ਕੰਮ ਕਰਦੀ ਟੀਮ ਦੇ ਨਾਮ ਨਸ਼ਰ ਕਰੇ। ਜਿੰਨਾ ਚਿਰ ਇਹ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪੇਸ਼ ਨਹੀਂ ਹੁੰਦਾ, ਇਸ ਨੂੰ ਤਨਖਾਹੀਆ ਘੋਸ਼ਿਤ ਕੀਤਾ ਜਾਂਦਾ ਹੈ। ਸਮੂਹ ਸਿੱਖਾਂ ਨੂੰ ਆਦੇਸ਼ ਹੈ ਕਿ ਇਸ ਨੂੰ ਕੋਈ ਮੂੰਹ ਨਾ ਲਗਾਵੇ।

ਰਘਬੀਰ ਸਿੰਘ

**(ਰਘਬੀਰ ਸਿੰਘ)**
ਜਥੇਦਾਰ,
ਤਖ਼ਤ ਸ੍ਰੀ ਕੇਸਗੜ੍ਹ ਸਾਹਿਬ,
ਸ੍ਰੀ ਅਨੰਦਪੁਰ ਸਾਹਿਬ, ਰੋਪੜ।

ਸ੍ਰੀ ਅਕਾਲ ਤਖ਼ਤ ਸਾਹਿਬ

**(ਹਰਪ੍ਰੀਤ ਸਿੰਘ)**
ਕਾ. ਜਥੇਦਾਰ,
ਸ੍ਰੀ ਅਕਾਲ ਤਖ਼ਤ ਸਾਹਿਬ,
ਸ੍ਰੀ ਅੰਮ੍ਰਿਤਸਰ।
ਜਥੇਦਾਰ ਤਖ਼ਤ ਸ੍ਰੀ ਦਮਦਮਾ ਸਾਹਿਬ।

ਸੁਖਵਿੰਦਰ ਸਿੰਘ

**(ਸੁਖਵਿੰਦਰ ਸਿੰਘ)**
ਕਥਾ ਵਾਚਕ,
ਤਖ਼ਤ ਸੱਚਖੰਡ ਸ੍ਰੀ ਅਬਿਚਲ ਨਗਰ,
ਹਜ਼ੂਰ ਸਾਹਿਬ (ਨਾਂਦੇੜ)।

**(ਰਣਜੀਤ ਸਿੰਘ)**
ਜਥੇਦਾਰ,
ਤਖ਼ਤ ਸ੍ਰੀ ਹਰਿਮੰਦਰ ਜੀ,
ਪਟਨਾ ਸਾਹਿਬ, ਬਿਹਾਰ।

ਗੁਰਮਿੰਦਰ ਸਿੰਘ

**(ਗੁਰਮਿੰਦਰ ਸਿੰਘ)**
ਗ੍ਰੰਥੀ,
ਸੱਚਖੰਡ ਸ੍ਰੀ ਹਰਿਮੰਦਰ ਸਾਹਿਬ,
ਸ੍ਰੀ ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ।

Phone/Fax : 0183-2540820 | E-Mail : akaltakhatsahib84@gmail.com

੧ੴ ਵਾਹਿਗੁਰੂ ਜੀ ਕੀ ਫ਼ਤਹ ॥

# ਸ੍ਰੀ ਅਕਾਲ ਤਖ਼ਤ ਸਾਹਿਬ

ਸ੍ਰੀ ਅੰਮ੍ਰਿਤਸਰ ਸਾਹਿਬ

Sri Akal Takhat Sahib, Sri Amritsar Sahib

ਨੰਬਰ ਅ:੩/੧੪੮ ਮਿਤੀ ੦੩/੦੫/੨੦੨੨

ਮਤਾ ਨੰਬਰ ੦੪

ਅੱਜ ਮਿਤੀ ੨੦ ਵੈਸਾਖ ਨਾਨਕਸ਼ਾਹੀ ਸੰਮਤ ੫੫੪ ਮੁਤਾਬਿਕ ੦੩ ਮਈ ੨੦੨੨ ਨੂੰ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਹੋਈ ਜਿਸ ਵਿਚ ਲੰਮੇ ਸਮੇਂ ਤੋਂ ਜੇਲਾਂ ਵਿਚ ਸਜਾ ਪੂਰੀ ਕਰ ਚੁੱਕੇ ਬੰਦੀ ਸਿੰਘਾਂ ਦੀ ਰਿਹਾਈ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ, ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ, ਨਵੀਂ ਦਿੱਲੀ ਅਤੇ ਸਿੱਖ ਸੰਸਥਾਵਾਂ, ਜਥੇਬੰਦੀਆਂ, ਸੰਪਰਦਾਵਾਂ ਨੂੰ ਆਦੇਸ਼ ਕੀਤਾ ਜਾਂਦਾ ਹੈ ਕਿ ਸਾਰੇ ਰਲ ਕੇ ਸਾਂਝੇ ਰੂਪ ਦੇ ਵਿਚ ਬੰਦੀ ਸਿੰਘਾਂ ਨੂੰ ਰਿਹਾਅ ਕਰਵਾਉਣ ਲਈ ਯਤਨ ਕਰਨ। ਇਸ ਤੋਂ ਇਲਾਵਾ ਪਿੰਡ ਰੋਡੇ ਦੀ ਸੰਗਤ ਵੱਲੋਂ ਪੁੱਜੇ ਪੱਤਰ ਰਾਹੀਂ ਜਾਣਕਾਰੀ ਦਿੱਤੀ ਗਈ ਹੈ ਕਿ ਬੰਦੀ ਸਿੰਘਾਂ ਦੀ ਰਿਹਾਈ ਲਈ ਇਕ ਸਿੰਘ ਟਾਵਰ 'ਤੇ ਚੜਿਆ ਹੈ। ਉਸ ਨੂੰ ਆਦੇਸ਼ ਕੀਤਾ ਜਾਂਦਾ ਹੈ ਕਿ ਖੁਦਕੁਸ਼ੀ ਕਰਨਾ ਸਿੱਖ ਧਰਮ ਦੀ ਪ੍ਰੰਪਰਾ ਨਹੀਂ ਹੈ। ਇਸ ਲਈ ਇਹ ਬੰਦੀ ਸਿੰਘਾਂ ਦੀ ਰਿਹਾਈ ਲਈ ਜਥੇਬੰਦੀਆਂ ਦਾ ਸਹਿਯੋਗ ਕਰੇ।

(ਰਘਬੀਰ ਸਿੰਘ)
ਜਥੇਦਾਰ,
ਤਖ਼ਤ ਸ੍ਰੀ ਕੇਸਗੜ੍ਹ ਸਾਹਿਬ,
ਸ੍ਰੀ ਅਨੰਦਪੁਰ ਸਾਹਿਬ, ਰੋਪੜ।

(ਹਰਪ੍ਰੀਤ ਸਿੰਘ)
ਕਾ. ਜਥੇਦਾਰ,
ਸ੍ਰੀ ਅਕਾਲ ਤਖ਼ਤ ਸਾਹਿਬ,
ਸ੍ਰੀ ਅੰਮ੍ਰਿਤਸਰ।
ਜਥੇਦਾਰ ਤਖ਼ਤ ਸ੍ਰੀ ਦਮਦਮਾ ਸਾਹਿਬ।

(ਸੁਖਵਿੰਦਰ ਸਿੰਘ)
ਕਥਾ ਵਾਚਕ,
ਤਖ਼ਤ ਸੱਚਖੰਡ ਸ੍ਰੀ ਅਬਿਚਲ ਨਗਰ,
ਹਜ਼ੂਰ ਸਾਹਿਬ (ਨਾਂਦੇੜ)।

(ਰਣਜੀਤ ਸਿੰਘ)
ਜਥੇਦਾਰ,
ਤਖ਼ਤ ਸ੍ਰੀ ਹਰਿਮੰਦਰ ਜੀ,
ਪਟਨਾ ਸਾਹਿਬ, ਬਿਹਾਰ।

(ਗੁਰਮਿੰਦਰ ਸਿੰਘ)
ਗ੍ਰੰਥੀ,
ਸੱਚਖੰਡ ਸ੍ਰੀ ਹਰਿਮੰਦਰ ਸਾਹਿਬ,
ਸ੍ਰੀ ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ।

ਨੰਬਰ ਅ:3/੧੪੫ ਮਿਤੀ ੦3/੦੫/੨੦੨੨

## ਮਤਾ ਨੰਬਰ ੦੧

ਅੱਜ **ਮਿਤੀ ੨੦ ਵੈਸਾਖ ਨਾਨਕਸ਼ਾਹੀ ਸੰਮਤ ੫੫੪ ਮੁਤਾਬਿਕ ੦੩ ਮਈ ੨੦੨੨** ਨੂੰ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਹੋਈ ਜਿਸ ਵਿਚ ਗੁਰਦੁਆਰਾ ਸਾਹਿਬ ਜੀ ਤੋਂ ਹੋਣ ਵਾਲੀਆਂ ਅਜਿਹੀਆਂ ਅਨਾਊਸਮੈਂਟਾਂ ਜੋ ਸਮਾਜ ਵਿਚ ਵਿਤਕਰੇਬਾਜੀ ਪੈਦਾ ਕਰਦੀਆਂ ਹਨ ਤੇ ਗੁਰਮਤਿ ਦੇ ਅਨੁਕੂਲ ਨਹੀਂ ਹੁੰਦੀਆਂ ਉਹਨਾਂ ਸਬੰਧੀ ਸਰਬ ਸੰਮਤੀ ਨਾਲ ਫੈਸਲਾ ਹੋਇਆ ਹੈ ਕਿ ਇਹ ਬੰਦ ਕੀਤੀਆਂ ਜਾਣ ਅਤੇ ਗੁਰਦੁਆਰਾ ਸਾਹਿਬਾਨ ਤੋਂ ਸਿਰਫ਼ ਤੇ ਸਿਰਫ਼ ਧਾਰਮਿਕ ਅਨਾਊਸਮੈਂਟ ਹੀ ਕੀਤੀਆਂ ਜਾਣ।

ਰਘਬੀਰ ਸਿੰਘ

**(ਰਘਬੀਰ ਸਿੰਘ)**
ਜਥੇਦਾਰ,
ਤਖ਼ਤ ਸ੍ਰੀ ਕੇਸਗੜ੍ਹ ਸਾਹਿਬ,
ਸ੍ਰੀ ਅਨੰਦਪੁਰ ਸਾਹਿਬ, ਰੋਪੜ।

ਸ੍ਰੀ ਅਕਾਲ ਤਖ਼ਤ ਸਾਹਿਬ

**(ਹਰਪ੍ਰੀਤ ਸਿੰਘ)**
ਕਾ. ਜਥੇਦਾਰ,
ਸ੍ਰੀ ਅਕਾਲ ਤਖ਼ਤ ਸਾਹਿਬ,
ਸ੍ਰੀ ਅੰਮ੍ਰਿਤਸਰ।
ਜਥੇਦਾਰ ਤਖ਼ਤ ਸ੍ਰੀ ਦਮਦਮਾ ਸਾਹਿਬ।

ਸੁਖਵਿੰਦਰ ਸਿੰਘ

**(ਸੁਖਵਿੰਦਰ ਸਿੰਘ)**
ਕਥਾ ਵਾਚਕ,
ਤਖ਼ਤ ਸੱਚਖੰਡ ਸ੍ਰੀ ਅਬਿਚਲ ਨਗਰ,
ਹਜੂਰ ਸਾਹਿਬ (ਨਾਂਦੇੜ)।

**(ਰਣਜੀਤ ਸਿੰਘ)**
ਜਥੇਦਾਰ,
ਤਖ਼ਤ ਸ੍ਰੀ ਹਰਿਮੰਦਰ ਜੀ,
ਪਟਨਾ ਸਾਹਿਬ, ਬਿਹਾਰ।

ਗੁਰਮਿੰਦਰ ਸਿੰਘ

**(ਗੁਰਮਿੰਦਰ ਸਿੰਘ)**
ਗ੍ਰੰਥੀ,
ਸੱਚਖੰਡ ਸ੍ਰੀ ਹਰਿਮੰਦਰ ਸਾਹਿਬ,
ਸ੍ਰੀ ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ।

ੴ ਵਾਹਿਗੁਰੂ ਜੀ ਕੀ ਫ਼ਤਹ ॥

# ਸ੍ਰੀ ਅਕਾਲ ਤਖ਼ਤ ਸਾਹਿਬ

ਸ੍ਰੀ ਅੰਮ੍ਰਿਤਸਰ ਸਾਹਿਬ

Sri Akal Takhat Sahib, Sri Amritsar Sahib

ਨੰਬਰ ਅ:3/੧੪੯ ਮਿਤੀ ੦੩/੦੫/੨੦੨੨

## ਮਤਾ ਨੰਬਰ ੦੫

ਅੱਜ ਮਿਤੀ ੨੦ ਵੈਸਾਖ ਨਾਨਕਸ਼ਾਹੀ ਸੰਮਤ ੫੫੪ ਮੁਤਾਬਿਕ ੦੩ ਮਈ ੨੦੨੨ ਨੂੰ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਹੋਈ ਜਿਸ ਵਿਚ ਇੰਟਰਨੈੱਟ ਉਪਰ ਚੱਲ ਰਹੇ ੨੧ ਦੇ ਕਰੀਬ ਗੁਰਬਾਣੀ ਐਪਸ ਜਿਨਾਂ ਦੀ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਜਾਂਚ ਕਰਵਾਈ ਗਈ ਸੀ।ਕੇਵਲ ਨਿਤਨੇਮ ਦੇ ਪਾਠ ਵਿਚ ਹੀ ਕਈ ਤਰੁੱਟੀਆਂ ਪਾਈਆਂ ਗਈਆਂ ਹਨ।ਇਸ ਸਬੰਧੀ ਸਿੰਘ ਸਾਹਿਬਾਨ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਨੂੰ ਆਦੇਸ਼ ਕੀਤਾ ਹੈ ਕਿ ਇੰਟਰਨੈੱਟ ਉਪਰ ਚੱਲ ਰਹੇ ਗੁਰਬਾਣੀ ਐਪਸ ਦੀ ਇਕ ਮਹੀਨੇ ਦੇ ਅੰਦਰ-ਅੰਦਰ ਸੁਧਾਈ ਕਰਵਾਈ ਜਾਵੇ ਨਹੀਂ ਤਾਂ ਉਹਨਾਂ ਪੁਰ ਕਾਨੂੰਨੀ ਕਾਰਵਾਈ ਕਰਵਾ ਕੇ ਬੰਦ ਕਰਵਾਇਆ ਜਾਵੇ।

(ਰਘਬੀਰ ਸਿੰਘ)
ਜਥੇਦਾਰ,
ਤਖ਼ਤ ਸ੍ਰੀ ਕੇਸਗੜ੍ਹ ਸਾਹਿਬ,
ਸ੍ਰੀ ਅਨੰਦਪੁਰ ਸਾਹਿਬ, ਰੋਪੜ।

(ਹਰਪ੍ਰੀਤ ਸਿੰਘ)
ਕਾ. ਜਥੇਦਾਰ,
ਸ੍ਰੀ ਅਕਾਲ ਤਖ਼ਤ ਸਾਹਿਬ,
ਸ੍ਰੀ ਅੰਮ੍ਰਿਤਸਰ।
ਜਥੇਦਾਰ ਤਖ਼ਤ ਸ੍ਰੀ ਦਮਦਮਾ ਸਾਹਿਬ।

(ਸੁਖਵਿੰਦਰ ਸਿੰਘ)
ਕਥਾ ਵਾਚਕ,
ਤਖ਼ਤ ਸੱਚਖੰਡ ਸ੍ਰੀ ਅਬਿਚਲ ਨਗਰ,
ਹਜ਼ੂਰ ਸਾਹਿਬ (ਨਾਂਦੇੜ)।

(ਰਣਜੀਤ ਸਿੰਘ)
ਜਥੇਦਾਰ,
ਤਖ਼ਤ ਸ੍ਰੀ ਹਰਿਮੰਦਰ ਜੀ,
ਪਟਨਾ ਸਾਹਿਬ, ਬਿਹਾਰ।

(ਗੁਰਮਿੰਦਰ ਸਿੰਘ)
ਗ੍ਰੰਥੀ,
ਸੱਚਖੰਡ ਸ੍ਰੀ ਹਰਿਮੰਦਰ ਸਾਹਿਬ,
ਸ੍ਰੀ ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ।

੧ੴ ਵਾਹਿਗੁਰੂ ਜੀ ਕੀ ਫ਼ਤਹ ॥

# ਸ੍ਰੀ ਅਕਾਲ ਤਖ਼ਤ ਸਾਹਿਬ

ਸ੍ਰੀ ਅੰਮ੍ਰਿਤਸਰ ਸਾਹਿਬ

Sri Akal Takhat Sahib, Sri Amritsar Sahib

ਨੰਬਰ ਅ:ਤ/੯੪੦

ਮਿਤੀ 03/05/2022

## ਮਤਾ ਨੰਬਰ ੦੬

ਅੱਜ **ਮਿਤੀ ੨੦ ਵੈਸਾਖ ਨਾਨਕਸ਼ਾਹੀ ਸੰਮਤ ੫੫੪ ਮੁਤਾਬਿਕ ੦੩ ਮਈ ੨੦੨੨** ਨੂੰ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਹੋਈ ਜਿਸ ਵਿਚ ਸਰਬ ਸੰਮਤੀ ਨਾਲ ਇਹ ਫੈਸਲਾ ਹੋਇਆ ਹੈ ਕਿ ਪੁਰਾਤਨ ਪ੍ਰੰਪਰਾਂ ਅਨੁਸਾਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ ਸਾਹਿਬ ਅੰਦਰ ਰਾਗਾਂ ਅਨੁਸਾਰ ਤੰਤੀਸਾਜਾਂ ਰਾਹੀਂ ਕੀਰਤਨ ਗਾਇਨ ਆਰੰਭ ਕੀਤਾ ਜਾਵੇ। ਇਸ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਨੂੰ ਆਦੇਸ਼ ਕੀਤਾ ਜਾਂਦਾ ਹੈ ਕਿ ਤਿੰਨ ਸਾਲ ਦੇ ਸਮੇਂ ਅੰਦਰ ਇਸ ਨੂੰ ਪੂਰਨ ਤੌਰ 'ਤੇ ਲਾਗੂ ਕੀਤਾ ਜਾਵੇ। ਸੰਗੀਤ ਵਿਦਿਆਲਿਆਂ ਵਿਚ ਸਿਖਿਆਰਥੀਆਂ ਨੂੰ ਰਾਗਾਂ ਅਨੁਸਾਰ ਹੀ ਤੰਤੀ ਸਾਜਾਂ ਰਾਹੀਂ ਕੀਰਤਨ ਦੀ ਸਿਖਲਾਈ ਦੇਣ ਵਾਸਤੇ ਯੋਗ ਅਧਿਆਪਕ ਭਰਤੀ ਕੀਤੇ ਜਾਣ।

**(ਰਘਬੀਰ ਸਿੰਘ)**
ਜਥੇਦਾਰ,
ਤਖ਼ਤ ਸ੍ਰੀ ਕੇਸਗੜ੍ਹ ਸਾਹਿਬ,
ਸ੍ਰੀ ਅਨੰਦਪੁਰ ਸਾਹਿਬ, ਰੋਪੜ।

**(ਹਰਪ੍ਰੀਤ ਸਿੰਘ)**
ਕਾ. ਜਥੇਦਾਰ,
ਸ੍ਰੀ ਅਕਾਲ ਤਖ਼ਤ ਸਾਹਿਬ,
ਸ੍ਰੀ ਅੰਮ੍ਰਿਤਸਰ।
ਜਥੇਦਾਰ ਤਖ਼ਤ ਸ੍ਰੀ ਦਮਦਮਾ ਸਾਹਿਬ।

**(ਸੁਖਵਿੰਦਰ ਸਿੰਘ)**
ਕਥਾ ਵਾਚਕ,
ਤਖ਼ਤ ਸੱਚਖੰਡ ਸ੍ਰੀ ਅਬਿਚਲ ਨਗਰ,
ਹਜ਼ੂਰ ਸਾਹਿਬ (ਨਾਂਦੇੜ)।

**(ਰਣਜੀਤ ਸਿੰਘ)**
ਜਥੇਦਾਰ,
ਤਖ਼ਤ ਸ੍ਰੀ ਹਰਿਮੰਦਰ ਜੀ,
ਪਟਨਾ ਸਾਹਿਬ, ਬਿਹਾਰ।

**(ਗੁਰਮਿੰਦਰ ਸਿੰਘ)**
ਗ੍ਰੰਥੀ,
ਸੱਚਖੰਡ ਸ੍ਰੀ ਹਰਿਮੰਦਰ ਸਾਹਿਬ,
ਸ੍ਰੀ ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ।

ੴ ਵਾਹਿਗੁਰੂ ਜੀ ਕੀ ਫ਼ਤਹ ॥

# ਸ੍ਰੀ ਅਕਾਲ ਤਖ਼ਤ ਸਾਹਿਬ

## ਸ੍ਰੀ ਅੰਮ੍ਰਿਤਸਰ ਸਾਹਿਬ

## Sri Akal Takhat Sahib, Sri Amritsar Sahib

ਨੰਬਰ ਅ:3/੧੪੪ ਮਿਤੀ ੦੩/੦੫/੨੦੨੨

### ਹੁਕਮਨਾਮਾ

ਅੱਜ ਮਿਤੀ ੨੦ ਵੈਸਾਖ ਨਾਨਕਸ਼ਾਹੀ ਸੰਮਤ ੫੫੪ ਮੁਤਾਬਿਕ ੦੩ ਮਈ ੨੦੨੨ ਨੂੰ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਹੋਈ ਜਿਸ ਵਿਚ ਓਅੰਕਾਰ ਸਿੰਘ ਨੂੰ ਆਦੇਸ਼ ਕੀਤਾ ਜਾਂਦਾ ਹੈ ਕਿ ਉਹ ਗੁਰਬਾਣੀ ਸੋਧਾਂ ਦੇ ਨਾਮ ਹੇਠ ਕੀਤੇ ਕਾਰਜ ਨੂੰ ਤੁਰੰਤ ਬੰਦ ਕਰਕੇ ਆਪਣਾ ਸਾਰਾ ਰਿਕਾਰਡ ਖੁਦ ਪੇਸ਼ ਹੋ ਕੇ ਖਰੜੇ ਸਮੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਜਮ੍ਹਾ ਕਰਵਾਏ ਅਤੇ ਕਾਰਜ ਦੀ ਗੁਰੂ ਪੰਥ ਪਾਸੋਂ ਭੁਲ ਬਖਸ਼ਾਵੇ।

(ਰਘਬੀਰ ਸਿੰਘ)
ਜਥੇਦਾਰ,
ਤਖ਼ਤ ਸ੍ਰੀ ਕੇਸਗੜ੍ਹ ਸਾਹਿਬ,
ਸ੍ਰੀ ਅਨੰਦਪੁਰ ਸਾਹਿਬ, ਰੋਪੜ।

(ਹਰਪ੍ਰੀਤ ਸਿੰਘ)
ਕਾ. ਜਥੇਦਾਰ,
ਸ੍ਰੀ ਅਕਾਲ ਤਖ਼ਤ ਸਾਹਿਬ,
ਸ੍ਰੀ ਅੰਮ੍ਰਿਤਸਰ।
ਜਥੇਦਾਰ ਤਖ਼ਤ ਸ੍ਰੀ ਦਮਦਮਾ ਸਾਹਿਬ।

(ਸੁਖਵਿੰਦਰ ਸਿੰਘ)
ਕਥਾ ਵਾਚਕ,
ਤਖ਼ਤ ਸੱਚਖੰਡ ਸ੍ਰੀ ਅਬਿਚਲ ਨਗਰ,
ਹਜ਼ੂਰ ਸਾਹਿਬ (ਨਾਂਦੇੜ)।

(ਰਣਜੀਤ ਸਿੰਘ)
ਜਥੇਦਾਰ,
ਤਖ਼ਤ ਸ੍ਰੀ ਹਰਿਮੰਦਰ ਜੀ,
ਪਟਨਾ ਸਾਹਿਬ, ਬਿਹਾਰ।

(ਗੁਰਮਿੰਦਰ ਸਿੰਘ)
ਗ੍ਰੰਥੀ,
ਸੱਚਖੰਡ ਸ੍ਰੀ ਹਰਿਮੰਦਰ ਸਾਹਿਬ,
ਸ੍ਰੀ ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ।

Phone/Fax : 0183-2540820 | E-Mail : akaltakhatsahib84@gmail.com